ਆਸਾ ਘਰੁ ੩ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਰਾਜ ਮਿਲਕ ਜੋਬਨ ਗ੍ਰਿਹ ਸੋਭਾ ਰੂਪਵੰਤੁ ਜੋੁਆਨੀ ॥ ਬਹੁਤੁ ਦਰਬੁ ਹਸਤੀ ਅਰੁ ਘੋੜੇ ਲਾਲ ਲਾਖ ਬੈ ਆਨੀ ॥ ਆਗੈ ਦਰਗਹਿ ਕਾਮਿ ਨ ਆਵੈ ਛੋਡਿ ਚਲੈ ਅਭਿਮਾਨੀ ॥੧॥ ਕਾਹੇ ਏਕ ਬਿਨਾ ਚਿਤੁ ਲਾਈਐ ॥ ਊਠਤ ਬੈਠਤ ਸੋਵਤ ਜਾਗਤ ਸਦਾ ਸਦਾ ਹਰਿ ਧਿਆਈਐ ॥੧॥ ਰਹਾਉ ॥ ਮਹਾ ਬਚਿਤ੍ਰ ਸੁੰਦਰ ਆਖਾੜੇ ਰਣ ਮਹਿ ਜਿਤੇ ਪਵਾੜੇ ॥ ਹਉ ਮਾਰਉ ਹਉ ਬੰਧਉ ਛੋਡਉ ਮੁਖ ਤੇ ਏਵ ਬਬਾੜੇ ॥ ਆਇਆ ਹੁਕਮੁ ਪਾਰਬ੍ਰਹਮ ਕਾ ਛੋਡਿ ਚਲਿਆ ਏਕ ਦਿਹਾੜੇ ॥੨॥ ਕਰਮ ਧਰਮ ਜੁਗਤਿ ਬਹੁ ਕਰਤਾ ਕਰਣੈਹਾਰੁ ਨ ਜਾਨੈ ॥ ਉਪਦੇਸੁ ਕਰੈ ਆਪਿ ਨ ਕਮਾਵੈ ਤਤੁ ਸਬਦੁ ਨ ਪਛਾਨੈ ॥ ਨਾਂਗਾ ਆਇਆ ਨਾਂਗੋ ਜਾਸੀ ਜਿਉ ਹਸਤੀ ਖਾਕੁ ਛਾਨੈ ॥੩॥ ਸੰਤ ਸਜਨ ਸੁਨਹੁ ਸਭਿ ਮੀਤਾ ਝੂਠਾ ਏਹੁ ਪਸਾਰਾ ॥ ਮੇਰੀ ਮੇਰੀ ਕਰਿ ਕਰਿ ਡੂਬੇ ਖਪਿ ਖਪਿ ਮੁਏ ਗਵਾਰਾ ॥ ਗੁਰ ਮਿਲਿ ਨਾਨਕ ਨਾਮੁ ਧਿਆਇਆ ਸਾਚਿ ਨਾਮਿ ਨਿਸਤਾਰਾ ॥ ੪॥੧॥੩੮॥
{ਪੰਨਾ 379-380}

ਪਦਅਰਥ:- ਮਿਲਕ—ਜੀਵਨ, ਭੁਇਂ। ਗ੍ਰਿਹ—ਘਰ। ਰੂਪਵੰਤੁ—ਰੂਪ ਵਾਲਾ। ਜੋੁਆਨੀ—{ਅਸਲ ਲਫ਼ਜ਼ ‘ਜੁਆਨੀ’ ਹੈ, ਇਥੇ ‘ਜੋਆਨੀ’ ਪੜ੍ਹਨਾ ਹੈ}। ਦਰਬੁ—ਧਨ {dàÒX}। ਹਸਤੀ—ਹਾਥੀ। ਬੈ—ਮੁੱਲ ਖ਼ਰੀਦ ਕੇ। ਆਨੀ—ਲੈ ਆਂਦੇ। ਕਾਮਿ—ਕੰਮ ਵਿਚ।1।

ਕਾਹੇ—ਕਿਉਂ?।1। ਰਹਾਉ।

ਬਚਿਤ੍ਰ—ਅਸਚਰਜ। ਆਖਾੜੇ—ਪਿੜ। ਜਿਤੇ—ਜਿੱਤ ਲਏ। ਪਵਾੜੇ—ਝਗੜੇ। ਹਉ—ਮੈਂ। ਬੰਧਉ—ਮੈਂ ਬੰਨ੍ਹਦਾ ਹਾਂ। ਛੋਡਉ—ਛੋਡਉਂ, ਮੈਂ ਛੱਡਦਾ ਹਾਂ। ਏਵ—ਇਸ ਤਰ੍ਹਾਂ। ਤੇ—ਤੋਂ। ਬਬਾੜੇ—ਬਕਦਾ ਹੈ, ਵਾਹੀ-ਤਬਾਹੀ ਬੋਲਦਾ ਹੈ।2।

ਜੁਗਤਿ ਬਹੁ—ਅਨੇਕਾਂ ਤਰੀਕਿਆਂ ਨਾਲ। ਜਾਸੀ—ਚਲਾ ਜਾਇਗਾ। ਖਾਕੁ—ਮਿੱਟੀ।3।

ਸਭਿ—ਸਾਰੇ। ਝੂਠਾ—ਨਾਸਵੰਤ। ਪਸਾਰਾ—ਖਿਲਾਰਾ। ਖਪਿ ਖਪਿ—ਖ਼ੁਆਰ ਹੋ ਹੋ ਕੇ। ਮਿਲਿ—ਮਿਲ ਕੇ। ਸਾਚਿ ਨਾਮਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ।4।

ਅਰਥ:- (ਹੇ ਭਾਈ!) ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਵਿਚ ਪ੍ਰੀਤਿ ਨਹੀਂ ਜੋੜਨੀ ਚਾਹੀਦੀ। ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਸਦਾ ਹੀ ਸਦਾ ਹੀ ਪਰਮਾਤਮਾ ਵਿਚ ਹੀ ਸੁਰਤਿ ਜੋੜੀ ਰੱਖਣੀ ਚਾਹੀਦੀ ਹੈ।1। ਰਹਾਉ।

(ਹੇ ਭਾਈ!) ਹਕੂਮਤਿ, ਜ਼ਮੀਨ ਦੀ ਮਾਲਕੀ, ਜੋਬਨ, ਘਰ, ਇੱਜ਼ਤ, ਸੁੰਦਰਤਾ, ਜੁਆਨੀ, ਬਹੁਤ ਧਨ, ਹਾਥੀ ਅਤੇ ਘੋੜੇ (ਜੇ ਇਹ ਸਭ ਕੁਝ ਕਿਸੇ ਮਨੁੱਖ ਦੇ ਪਾਸ ਹੋਵੇ), ਜੇ ਲੱਖਾਂ ਰੁਪਏ ਖ਼ਰਚ ਕੇ (ਕੀਮਤੀ) ਲਾਲ ਮੁੱਲ ਲੈ ਆਵੇ (ਤੇ ਇਹਨਾਂ ਪਦਾਰਥਾਂ ਦਾ ਮਾਣ ਕਰਦਾ ਰਹੇ), ਪਰ ਅਗਾਂਹ ਪਰਮਾਤਮਾ ਦੀ ਦਰਗਾਹ ਵਿਚ (ਇਹਨਾਂ ਵਿਚੋਂ ਕੋਈ ਭੀ ਚੀਜ਼) ਕੰਮ ਨਹੀਂ ਆਉਂਦੀ। (ਇਹਨਾਂ ਪਦਾਰਥਾਂ ਦਾ) ਮਾਣ ਕਰਨ ਵਾਲਾ ਮਨੁੱਖ (ਇਹਨਾਂ ਸਭਨਾਂ ਨੂੰ ਇਥੇ ਹੀ) ਛੱਡ ਕੇ (ਇਥੋਂ) ਤੁਰ ਪੈਂਦਾ ਹੈ।1।

ਜੇ ਕੋਈ ਮਨੁੱਖ ਬੜੇ ਅਸਚਰਜ ਸੋਹਣੇ ਪਿੜ (ਭਾਵ, ਕੁਸ਼ਤੀਆਂ) ਜਿੱਤਦਾ ਹੈ ਜੇ ਉਹ ਰਣਭੂਮੀ ਵਿਚ ਜਾ ਕੇ (ਬੜੇ ਬੜੇ) ਝਗੜੇ-ਲੜਾਈਆਂ ਜਿੱਤ ਲੈਂਦਾ ਹੈ ਤੇ ਆਪਣੇ ਮੂੰਹ ਇਉਂ ਵਾਹੀ-ਤਬਾਹੀ ਭੀ ਬੋਲਦਾ ਹੈ ਕਿ ਮੈਂ (ਆਪਣੇ ਵੈਰੀਆਂ ਨੂੰ) ਮਾਰ ਸਕਦਾ ਹਾਂ ਮੈਂ (ਉਹਨਾਂ ਨੂੰ) ਬੰਨ੍ਹ ਸਕਦਾ ਹਾਂ (ਤੇ ਜੇ ਜੀ ਚਾਹੇ ਤਾਂ ਉਹਨਾਂ ਨੂੰ ਕੈਦ ਤੋਂ) ਛੱਡ ਭੀ ਸਕਦਾ ਹਾਂ (ਤਾਂ ਭੀ ਕੀਹ ਹੋਇਆ?) ਆਖ਼ਿਰ ਇਕ ਦਿਨ ਪਰਮਾਤਮਾ ਦਾ ਹੁਕਮ ਆਉਂਦਾ ਹੈ (ਮੌਤ ਆ ਜਾਂਦੀ ਹੈ,

ਤੇ) ਇਹ ਸਭ ਕੁਝ ਛੱਡ ਕੇ ਇਥੋਂ ਤੁਰ ਪੈਂਦਾ ਹੈ।2।

ਜੇ ਕੋਈ ਮਨੁੱਖ (ਹੋਰਨਾਂ ਨੂੰ ਵਿਖਾਣ ਲਈ) ਅਨੇਕਾਂ ਕਿਸਮਾਂ ਦੇ (ਮਿਥੇ ਹੋਏ) ਧਾਰਮਿਕ ਕੰਮ ਕਰਦਾ ਹੋਵੇ ਪਰ ਸਿਰਜਣਹਾਰ ਪ੍ਰਭੂ ਨਾਲ ਸਾਂਝ ਨਾਹ ਪਾਏ, ਜੇ ਹੋਰਨਾਂ ਨੂੰ ਤਾਂ (ਧਰਮ ਦਾ) ਉਪਦੇਸ਼ ਕਰਦਾ ਰਹੇ ਪਰ ਆਪਣਾ ਧਾਰਮਿਕ ਜੀਵਨ ਨਾਹ ਬਣਾਏ, ਤੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੀ ਸਾਰ ਨ ਸਮਝੇ, ਤਾਂ ਉਹ ਖ਼ਾਲੀ-ਹੱਥ ਜਗਤ ਵਿਚ ਆਉਂਦਾ ਹੈ ਤੇ ਇਥੋਂ ਖ਼ਾਲੀ-ਹੱਥ ਹੀ ਤੁਰ ਪੈਂਦਾ ਹੈ (ਉਸ ਦੇ ਇਹ ਵਿਖਾਵੇ ਦੇ ਧਾਰਮਿਕ ਕੰਮ ਵਿਅਰਥ ਹੀ ਜਾਂਦੇ ਹਨ) ਜਿਵੇਂ ਹਾਥੀ (ਇਸ਼ਨਾਨ ਕਰ ਕੇ ਫਿਰ ਆਪਣੇ ਉਤੇ) ਮਿੱਟੀ ਪਾ ਲੈਂਦਾ ਹੈ।3।

ਹੇ ਸੰਤ ਜਨੋ! ਹੇ ਸੱਜਣੋ! ਹੇ ਮਿੱਤਰੋ! ਸਾਰੇ ਸੁਣ ਲਵੋ, ਇਹ ਸਾਰਾ ਜਗਤ-ਖਿਲਾਰਾ ਨਾਸਵੰਤ ਹੈ। ਜੇਹੜੇ ਮੂਰਖ ਨਿੱਤ ਇਹ ਆਖਦੇ ਰਹੇ ਕਿ ਇਹ ਮੇਰੀ ਮਾਇਆ ਹੈ ਇਹ ਮੇਰੀ ਜਾਇਦਾਦ ਹੈ ਉਹ (ਮਾਇਆ-ਮੋਹ ਦੇ ਸਮੁੰਦਰ ਵਿਚ) ਡੁੱਬੇ ਰਹੇ ਤੇ ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹੇ।

ਹੇ ਨਾਨਕ! ਜਿਸ ਮਨੁੱਖ ਨੇ ਸਤਿਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਇਸ ਸੰਸਾਰ-ਸਮੁੰਦਰ ਤੋਂ) ਉਸ ਦਾ ਪਾਰ-ਉਤਾਰਾ ਹੋ ਗਿਆ।4।1। 38।

ਨੋਟ:- 'ਘਰੁ 3' ਦਾ ਇਹ ਪਹਿਲਾ ਸ਼ਬਦ ਹੈ ਹੁਣ ਤਕ ਕੁੱਲ 38 ਸ਼ਬਦ ਮਹਲਾ 5 ਦੇ ਆ ਚੁਕੇ ਹਨ।